GOVERNMENT OF WESTERN AUSTRALIA

Working with Children Check

# Factsheet CAT12
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 12: ਕਲੱਬ, ਐਸੋਸੀਏਸ਼ਨ, ਜਾਂ ਲਹਿਰ

Punjabi | ਪੰਜਾਬੀ



ਇੱਕ ਕਲੱਬ/ਐਸੋਸੀਏਸ਼ਨ/ਲਹਿਰ (ਸੱਭਿਆਚਾਰਕ/ਮਨੋਰੰਜਨ/ਖੇਡ ਨਾਲ ਸੰਬੰਧਿਤ ਸਮੇਤ ਅਤੇ ਭਾਵੇਂ ਗਠਨ ਕੀਤਾ ਗਿਆ ਹੋਵੇ ਜਾਂ ਨਾ ਹੋਵੇ) ਜਿਸ ਵਿੱਚ ਬੱਚਿਆਂ ਦੀ ਕਾਫ਼ੀ ਜ਼ਿਆਦਾ ਮੈਂਬਰਸ਼ਿਪ/ਸ਼ਮੂਲੀਅਤ ਹੈ, ਪਰ ਨਿੱਜੀ/ਘਰੇਲੂ ਉਦੇਸ਼ਾਂ ਲਈ ਕੀਤੇ **ਗ਼ੈਰ-ਰਸਮੀ ਪ੍ਰਬੰਧ (informal arrangement)** ਨੂੰ ਸ਼ਾਮਲ ਨਹੀਂ ਕਰਦਾ ਹੈ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਕਲੱਬ, ਐਸੋਸੀਏਸ਼ਨ ਜਾਂ ਲਹਿਰ ਦੇ **ਵਲੰਟੀਅਰ (volunteers)** ਅਤੇ ਕਰਮਚਾਰੀ ਜੋ ਆਪਣੀਆਂ ਆਮ ਡਿਊਟੀਆਂ ਦੇ ਹਿੱਸੇ ਵਜੋਂ ਬੱਚਿਆਂ ਨਾਲ ਸੰਪਰਕ ਕਰਦੇ ਹਨ ਜਾਂ ਬੱਚਿਆਂ ਨਾਲ ਸੰਪਰਕ ਕਰਨ ਦੀ ਸੰਭਾਵਨਾ ਹੈ ਜਿਸ ਵਿੱਚ ਕੋਚ, ਟ੍ਰੇਨਰ, ਲੀਡਰ, ਟੀਮ ਮੈਨੇਜਰ ਅਤੇ ਅਧਿਕਾਰੀ ਸ਼ਾਮਲ ਹਨ
- ਫਸਟ ਏਡ ਦੇਣ ਦੇ ਉਦੇਸ਼ਾਂ ਲਈ ਟੀਮ, ਕਲੱਬ ਜਾਂ ਐਸੋਸੀਏਸ਼ਨ ਨਾਲ ਜੁੜੇ ਸਪੋਰਟਸ ਟ੍ਰੇਨਰ (ਅਕਸਰ ਕੈਜ਼ੂਅਲ ਤੌਰ 'ਤੇ ਵੇਤਨ-ਪ੍ਰਾਪਤ ਹੁੰਦੇ ਹਨ) ਅਤੇ ਜੋ ਬੱਚਿਆਂ ਦੇ ਜ਼ਖਮੀ ਹੋਣ 'ਤੇ ਬੱਚਿਆਂ ਨਾਲ ਸੰਪਰਕ ਵਿੱਚ ਆਉਂਦੇ ਹਨ
- ਕਲੱਬ ਜਾਂ ਐਸੋਸੀਏਸ਼ਨ ਵਿੱਚ ਕੰਟੀਨ ਸਟਾਫ਼ ਜੋ ਆਪਣੀਆਂ ਆਮ ਡਿਊਟੀਆਂ ਦੇ ਹਿੱਸੇ ਵਜੋਂ ਬੱਚਿਆਂ ਨਾਲ ਸੰਪਰਕ ਕਰਦੇ ਹਨ
- ਸੇਂਟ ਜੌਨਜ਼ ਐਂਬੂਲੈਂਸ ਵਾਲੰਟੀਅਰ ਜਿਨ੍ਹਾਂ ਨੂੰ ਨਿਯਮਿਤ ਤੌਰ 'ਤੇ ਕਿਸੇ ਕਲੱਬ, ਐਸੋਸੀਏਸ਼ਨ ਜਾਂ ਲਹਿਰ ਲਈ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਣ ਅਤੇ ਫਸਟ ਏਡ ਸੇਵਾਵਾਂ ਪ੍ਰਦਾਨ ਕਰਨ ਲਈ ਨਿਯੁਕਤ ਕੀਤਾ ਜਾਂਦਾ ਹੈ।

## ਛੋਟਾਂ

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- ਬਾਲ ਵਾਲੰਟੀਅਰ - 18 ਸਾਲ ਤੋਂ ਘੱਟ ਉਮਰ ਦੇ ਵਾਲੰਟੀਅਰਾਂ ਦੁਆਰਾ ਕੀਤੇ ਗਏ ਕੰਮ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**

- ਉਸੇ ਕਲੱਬ, ਐਸੋਸੀਏਸ਼ਨ, ਜਾਂ ਲਹਿਰ ਵਿੱਚ ਕਿਸੇ **ਮਾਤਾ ਜਾਂ ਪਿਤਾ (parent)** ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਹਨਾਂ ਦਾ ਬੱਚਾ ਸ਼ਾਮਲ ਹੁੰਦਾ ਹੈ, ਜਾਂ ਆਮ ਤੌਰ 'ਤੇ ਸ਼ਾਮਲ ਹੁੰਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵਜੋਂ ਵਾਲੰਟੀਅਰ ਕਰਨ ਲਈ ਛੋਟ ਵੇਖੋ
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ
- ਪੁਲਿਸ ਅਧਿਕਾਰੀ ਜੋ WA ਪੁਲਿਸ ਮੈਂਬਰ ਵਜੋਂ ਕੰਮ ਕਰਦੇ ਹਨ।

ਇਸ ਸ਼੍ਰੇਣੀ ਨਾਲ ਸਬੰਧਤ ਅਕਸਰ ਪੁੱਛੇ ਜਾਂਦੇ ਸਵਾਲਾਂ ਲਈ, ਕਿਰਪਾ ਕਰਕੇ Factsheet ORG03 - ਵਰਕਿੰਗ ਵਿਦ ਚਿਲਡਰਨ ਚੈੱਕ, ਖੇਡਾਂ ਅਤੇ ਮਨੋਰੰਜਨ ਵੇਖੋ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।